# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 23-03-2026**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਪੱਛਮੀ ਏਸ਼ੀਆ ਵਿੱਚ ਬਣ ਰਹੀ ਸਥਿਤੀ ਦੇ ਮੱਦੇਨਜ਼ਰ ਅਤੇ ਚੱਲ ਰਹੇ ਅਤੇ ਤਜਵੀਜ਼ਸ਼ੁਦਾ ਰਾਹਤ ਉਪਾਵਾਂ ਦੀ ਸਮੀਖਿਆ ਕਰਨ ਲਈ ਸੁਰੱਖਿਆ ਮਾਮਲਿਆਂ ਬਾਰੇ ਕੈਬਨਿਟ ਕਮੇਟੀ ਦੀ ਇੱਕ ਮੀਟਿੰਗ ਦੀ ਪ੍ਰਧਾਨਗੀ ਕੀਤੀ। ਸ਼੍ਰੀ ਮੋਦੀ ਨੇ ਕਿਹਾ ਕਿ ਇਹ ਟਕਰਾਅ ਇੱਕ ਨਿਰੰਤਰ ਬਦਲਦੀ ਸਥਿਤੀ ਏ ਅਤੇ ਪੂਰੀ ਦੁਨੀਆ ਕਿਸੇ ਨਾ ਕਿਸੇ ਤਰੀਕੇ ਨਾਲ ਪ੍ਰਭਾਵਿਤ ਏ । ਉਨ੍ਹਾਂ ਕਿਹਾ ਕਿ ਅਜਿਹੀ ਸਥਿਤੀ ਵਿੱਚ, ਨਾਗਰਿਕਾਂ ਨੂੰ ਇਸ ਟਕਰਾਅ ਦੇ ਪ੍ਰਭਾਵ ਤੋਂ ਬਚਾਉਣ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾਣੀ ਚਾਹੀਦੀ ਏ । ਪ੍ਰਧਾਨ ਮੰਤਰੀ ਨੇ ਨਿਰਦੇਸ਼ ਦਿੱਤੇ ਕਿ ਸਰਕਾਰ ਦੇ ਸਾਰੇ ਅੰਗ ਮਿਲ ਕੇ ਕੰਮ ਕਰਨ ਤਾਂਜੋ ਨਾਗਰਿਕਾਂ ਨੂੰ ਘੱਟ ਤੋਂ ਘੱਟ ਅਸੁਵਿਧਾ ਹੋਵੇ । ਉਨ੍ਹਾਂ ਨੇ ਰਾਜ ਸਰਕਾਰਾਂ ਨਾਲ ਢੁਕਵੇਂ ਤਾਲਮੇਲ ਲਈ ਕਿਹਾ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਜ਼ਰੂਰੀ ਵਸਤੂਆਂ ਦੀ ਕੋਈ ਕਾਲਾਬਾਜ਼ਾਰੀ ਅਤੇ

ਜਮ੍ਹਾਂਖੋਰੀ ਨਾ ਹੋਵੇ। ਪ੍ਰਧਾਨ ਮੰਤਰੀ ਨੇ ਮੰਤਰੀਆਂ ਅਤੇ ਸਕੱਤਰਾਂ ਦੇ ਇੱਕ ਸਮੂਹ ਦੇ ਗਠਨ ਦਾ ਨਿਰਦੇਸ਼ ਦਿੱਤਾ ਜੋ ਇੱਕ ਸੰਪੂਰਨ ਸਰਕਾਰੀ ਪਹੁੰਚ ਨਾਲ ਕੰਮ ਕਰਨ। ਉਨ੍ਹਾਂ ਖੇਤਰੀ ਸਮੂਹਾਂ ਨੂੰ ਸਾਰੇ ਹਿੱਸੇਦਾਰਾਂ ਨਾਲ ਸਲਾਹ-ਮਸ਼ਵਰਾ ਕਰਕੇ ਕੰਮ ਕਰਨ ਦੇ ਨਿਰਦੇਸ਼ ਵੀ ਦਿੱਤੇ।

------------------------------------------------------------

ਏਅਰ ਇੰਡੀਆ ਅਤੇ ਏਅਰ ਇੰਡੀਆ ਐਕਸਪ੍ਰੈਸ ਅੱਜ ਪੱਛਮੀ ਏਸ਼ੀਆ ਲਈ 30 ਨਿਰਧਾਰਿਤ ਅਤੇ ਵਿਸ਼ੇਸ਼ ਉਡਾਣਾਂ ਚਲਾਉਣਗੇ, ਹਾਲਾਂਕਿ ਕਈ ਰੂਟਾਂ 'ਤੇ ਸੇਵਾਵਾਂ ਸੀਮਤ ਰਹਿਣਗੀਆਂ।

------------------------------------------------------------

ਰਾਸ਼ਟਰ ਆਜ਼ਾਦੀ ਦੀ ਲੜਾਈ ਆਪਣੇ ਤਿੰਨ ਮਹਾਨ ਸ਼ਹੀਦਾਂ - ਸ਼ਹੀਦ-ਏ-ਆਜ਼ਮ ਭਗਤ ਸਿੰਘ, ਸ਼ਿਵਰਾਮ ਰਾਜਗੁਰੂ ਅਤੇ ਸੁਖਦੇਵ ਥਾਪਰ - ਨੂੰ ਸ਼ਰਧਾਂਜਲੀ ਭੇਟ ਕਰ ਰਿਹਾ ਏ , ਜਿਨ੍ਹਾਂ ਨੂੰ ਅੱਜ ਹੀ ਦੇ ਦਿਨ 1931 ਵਿੱਚ ਕੇਂਦਰੀ ਜੇਲ੍ਹ ਲਾਹੌਰ ਵਿੱਚ ਫਾਂਸੀ ਦਿੱਤੀ ਗਈ ਸੀ। ਇਨ੍ਹਾਂ ਬਹਾਦਰ ਇਨਕਲਾਬੀਆਂ 'ਤੇ 17 ਦਸੰਬਰ, 1928 ਨੂੰ ਇੱਕ ਬ੍ਰਿਟਿਸ਼ ਪੁਲਿਸ ਅਧਿਕਾਰੀ, ਸਾਂਡਰਸ ਨੂੰ ਗੋਲੀ ਮਾਰਨ ਵਿੱਚ ਸ਼ਾਮਲ ਹੋਣ ਲਈ ਮੁਕੱਦਮਾ ਚਲਾਇਆ ਗਿਆ ਸੀ ਅਤੇ ਉਨ੍ਹਾਂ ਨੂੰ ਮੌਤ ਦੀ ਸਜ਼ਾ ਸੁਣਾਈ ਗਈ ਸੀ।

***ਪੇਸ਼ ਏ ਇਕ ਰਿਪੋਰਟ :RNU230326***

ਬਰਤਾਨਵੀ ਹੁਕੂਮਤ ਵੱਲੋਂ ਸ਼ਹੀਦ-ਏ-ਆਜ਼ਮ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਨੂੰ ਉਨ੍ਹਾਂ ਦੀ ਫਾਂਸੀ ਦੀ ਨਿਰਧਾਰਤ ਮਿਤੀ ਤੋਂ ਇੱਕ ਦਿਨ ਪਹਿਲਾਂ ਫਾਂਸੀ ਦਿੱਤੇ ਜਾਣ ਤੋਂ ਬਾਅਦ, ਉਨ੍ਹਾਂ ਦੀਆਂ ਦੇਹਾਂ ਨੂੰ ਗੁਪਤ ਤੌਰ 'ਤੇ ਫਿਰੋਜ਼ਪੁਰ ਦੇ ਹੁਸੈਨੀਵਾਲਾ ਵਿੱਚ ਸਤਲੁਜ ਦਰਿਆ ਦੇ ਕੰਢੇ ਲਿਆ ਕੇ ਸਸਕਾਰ ਕਰ ਦਿਤਾ ਗਿਆ। ਹੁਸੈਨੀਵਾਲਾ ਵਿਖੇ ਰਾਸ਼ਟਰੀ ਸ਼ਹੀਦ ਸਮਾਰਕ ਇਨ੍ਹਾਂ ਤਿੰਨਾਂ ਸ਼ਹੀਦਾਂ ਦੀ ਅਜਿੱਤ ਇਨਕਲਾਬੀ ਭਾਵਨਾ ਨੂੰ ਦਰਸਾਉਂਦਾ ਹੈ। ਸੀਮਾ ਸੁਰੱਖਿਆ ਬਲ, ਪੰਜਾਬ ਨੇ ਇੱਕ ਵਿਲੱਖਣ ਪਹਿਲਕਦਮੀ ਕਰਦਿਆਂ, ਆਪਣੇ ਡਾਇਮੰਡ ਜੁਬਲੀ ਜਸ਼ਨਾਂ ਦੇ ਹਿੱਸੇ ਵਜੋਂ ਕੱਲ੍ਹ 'ਫਿਰੋਜ਼ਪੁਰ-ਹੁਸੈਨੀਵਾਲਾ ਬਾਰਡਰ ਮੈਰਾਥਨ' ਦਾ ਆਯੋਜਨ ਕੀਤਾ। ਮੈਰਾਥਨ ਦਾ ਉਦੇਸ਼ ਇਨ੍ਹਾਂ ਤਿੰਨਾਂ ਮਹਾਨ ਇਨਕਲਾਬੀਆਂ ਦੇ ਸਰਵਉੱਚ ਬਲੀਦਾਨ ਦਾ ਸਨਮਾਨ ਕਰਨਾ ਸੀ। ਫਿਰੋਜ਼ਪੁਰ ਰੇਲਵੇ ਡਿਵੀਜ਼ਨ ਨੇ ਫਿਰੋਜ਼ਪੁਰ ਛਾਉਣੀ ਤੋਂ ਹੁਸੈਨੀਵਾਲਾ ਤੱਕ ਛੇ ਜੋੜੀ ਵਿਸ਼ੇਸ਼ ਸ਼ਹੀਦੀ-ਮੇਲਾ ਰੇਲ ਗੱਡੀਆਂ ਵੀ ਸ਼ੁਰੂ ਕੀਤੀਆਂ ਹਨ। ਲੋਕ ਕੌਮ ਦੇ ਇਨ੍ਹਾਂ ਤਿੰਨਾਂ ਬਹਾਦਰ ਪੁੱਤਰਾਂ ਨੂੰ ਸ਼ਰਧਾਂਜਲੀ ਦੇਣ ਲਈ ਇੱਥੇ ਆ ਰਹੇ ਹਨ। ਦੇਸ਼ ਲਈ ਇਨ੍ਹਾਂ ਨਾਇਕਾਂ ਦੀ ਸਰਵਉੱਚ ਕੁਰਬਾਨੀ ਦੀ ਯਾਦ ਵਿੱਚ ਸ਼ਹੀਦ ਭਗਤ ਸਿੰਘ ਦੇ ਜੱਦੀ ਪਿੰਡ ਖਟਕੜ ਕਲਾਂ ਵਿੱਚ ਵੀ ਇੱਕ ਰਾਜ ਪੱਧਰੀ ਪ੍ਰੋਗਰਾਮ ਆਯੋਜਿਤ ਕੀਤਾ ਜਾ ਰਿਹਾ ਹੈ। <><>

*ਰਾਜੇਸ਼ ਬਾਲੀ/ਆਕਾਸ਼ਵਾਣੀ ਨਿਊਜ਼/ਜਲੰਧਰ*

---

ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ, ਪ੍ਰਧਾਨ ਮੰਤਰੀ ਨਰਿੰਦਰ ਮੋਦੀ ,ਰੱਖਿਆ ਮੰਤਰੀ ਰਾਜਨਾਥ ਸਿੰਘ ਅਤੇ ਲੋਕ ਸਭਾ ਸਪੀਕਰ ਓਮ ਬਿਰਲਾ ਨੇ ਅੱਜ ਸ਼ਹੀਦ ਦਿਵਸ 'ਤੇ ਆਜ਼ਾਦੀ ਘੁਲਾਟੀਆਂ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਨੂੰ ਸ਼ਰਧਾਂਜਲੀ ਭੇਟ ਕੀਤੀ। ਉਨ੍ਹਾਂ ਕਿਹਾ ਕਿ ਆਜ਼ਾਦੀ ਘੁਲਾਟੀਆਂ ਦੀ ਅਦੁੱਤੀ ਹਿੰਮਤ, ਦ੍ਰਿੜਤਾ ਅਤੇ ਦੇਸ਼ ਲਈ ਕੁਰਬਾਨੀ ਦੇਸ਼ ਭਗਤੀ ਅਤੇ ਨਿਰਸਵਾਰਥ ਸੇਵਾ ਦੇ ਆਦਰਸ਼ਾਂ ਨੂੰ ਦਰਸਾਉਂਦੀ ਏ । ਸ਼੍ਰੀ ਰਾਧਾਕ੍ਰਿਸ਼ਨਨ ਨੇ ਕਿਹਾ ਕਿ ਉਨ੍ਹਾਂ ਦੀ ਵਿਰਾਸਤ, ਪੀੜ੍ਹੀਆਂ ਨੂੰ ਰਾਸ਼ਟਰੀ ਏਕਤਾ ਦੇ ਮੁੱਲਾਂ ਨੂੰ ਕਾਇਮ ਰੱਖਣ ਲਈ ਪ੍ਰੇਰਿਤ ਕਰਦੀ ਰਹੇਗੀ।

---

ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਅੱਜ ਛੇਵੇਂ ਗੁਰੂ, ਸ਼੍ਰੀ ਹਰਗੋਬਿੰਦ ਸਾਹਿਬ ਨੂੰ ਉਨ੍ਹਾਂ ਦੇ ਜੋਤੀ-ਜੋਤ ਦਿਵਸ 'ਤੇ ਸ਼ਰਧਾਂਜਲੀ ਭੇਟ ਕੀਤੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਅਮਿਤ ਸ਼ਾਹ ਨੇ ਕਿਹਾ ਕਿ ਉਨ੍ਹਾਂ ਨੇ ਸੰਤ-ਸਿਪਾਹੀ ਦੀ ਰਿਵਾਇਤ ਸਥਾਪਤ ਕੀਤੀ, ਜਿਸ ਨਾਲ ਸਿੱਖ ਧਰਮ, ਮਨੁੱਖਤਾ ਦੀ ਰੱਖਿਆ ਲਈ ਇੱਕ ਸ਼ਕਤੀਸ਼ਾਲੀ ਸਰੋਤ ਬਣਿਆ । ਗ੍ਰਹਿ

ਮੰਤਰੀ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਥਾਪਨਾ ਕਰਕੇ, ਗੁਰੂ ਹਰਗੋਬਿੰਦ ਸਾਹਿਬ ਨੇ ਸਿੱਖ ਧਰਮ ਨੂੰ ਮਜ਼ਬੂਤ ਕੀਤਾ ਅਤੇ ਹਿੰਦੂ-ਸਿੱਖ ਏਕਤਾ ਦਾ ਸੰਦੇਸ਼ ਦਿੱਤਾ।

----------------------------------------------------------------

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਹਰੇਕ ਖੇਤਰ ਵਿੱਚ ਸੂਬੇ ਦੀ ਪੁਰਾਤਨ ਸ਼ਾਨ ਬਹਾਲ ਕਰਨ ਲਈ ਵੱਡੇ ਉਪਰਾਲੇ ਕਰ ਰਹੀ ਏ ਜਿਸ ਨਾਲ ਇਹ ਮੁੜ 'ਰੰਗਲੇ ਪੰਜਾਬ' ਵੱਲ ਵਧ ਰਿਹਾ ਏ । ਕਲ ਬਠਿੰਡਾ ਵਿਰਾਸਤੀ ਮੇਲੇ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਮੇਲੇ ਸੂਬੇ ਦੇ ਸੱਭਿਆਚਾਰ ਦਾ ਅਨਿੱਖੜਵਾਂ ਅੰਗ ਨੇ ਅਤੇ ਸੂਬੇ ਦੀ ਸ਼ਾਨਦਾਰ ਸੱਭਿਆਚਾਰਕ ਵਿਰਾਸਤ ਨੂੰ ਹਰ ਕੀਮਤ 'ਤੇ ਕਾਇਮ ਰੱਖਿਆ ਜਾਵੇਗਾ। ਉਨ੍ਹਾਂ ਕਿਹਾ ਕਿ ਲੋਕਾਂ ਦੇ ਸਰਗਰਮ ਸਹਿਯੋਗ ਨਾਲ ਸਰਕਾਰ ਆਪਣੇ ਮਹਾਨ ਆਜ਼ਾਦੀ ਘੁਲਾਟੀਆਂ ਦੀਆਂ ਇੱਛਾਵਾਂ ਨੂੰ ਪੂਰਾ ਕਰਨ ਲਈ ਵਚਨਬੱਧ ਏ । ਮੁਖ ਮੰਤਰੀ ਨੇ ਕਿਹਾ ਕਿ ਇਹ ਸ਼ਹੀਦ-ਏ-ਆਜ਼ਮ ਭਗਤ ਸਿੰਘ ਵਰਗੇ ਮਹਾਨ ਨਾਇਕਾਂ ਨੂੰ ਸੱਚੀ ਅਤੇ ਨਿਮਰ ਸ਼ਰਧਾਂਜਲੀ ਹੋਵੇਗੀ, ਜਿਨ੍ਹਾਂ ਨੇ ਦੇਸ਼ ਅਤੇ ਇਸਦੇ ਲੋਕਾਂ ਲਈ ਆਪਣੀਆਂ ਜਾਨਾਂ ਕੁਰਬਾਨ ਕਰ ਦਿੱਤੀਆਂ।

ਏਧਰ ਕਪੂਰਥਲਾ ਵਿੱਚ ਪੰਜਾਬ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕਰਵਾਇਆ ਜਾ ਰਿਹਾ ਵਿਰਾਸਤੀ ਮੇਲਾ ਕਲ ਸਮਾਪਤ ਹੋ ਗਿਆ। ਤਿੰਨ ਦਿਨਾਂ ਮੇਲੇ ਦੌਰਾਨ ਸੱਭਿਆਚਾਰਕ ਪ੍ਰੋਗਰਾਮਾਂ ਅਤੇ ਕਲਾਕਾਰਾਂ ਵੱਲੋਂ ਪੇਸ਼ਕਾਰੀਆਂ ਨੇ ਦਰਸ਼ਕਾਂ ਦਾ ਮਨੋਰੰਜਨ ਕੀਤਾ ।

--------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕੱਲ ਫਾਜ਼ਿਲਕਾ ਜ਼ਿਲ੍ਹੇ ਦੇ ਜਲਾਲਾਬਾਦ ਵਿੱਚ 300 ਕਿਲੋਮੀਟਰ ਨਵੀਆਂ ਸੜਕਾਂ ਦਾ ਨੀਂਹ ਪੱਥਰ ਰੱਖਿਆ ਅਤੇ 350 ਕਿਲੋਮੀਟਰ ਦੇ ਨਵੀਨੀਕਰਨ ਦਾ ਉਦਘਾਟਨ ਕੀਤਾ। ਇਸਨੂੰ ਪੰਜਾਬ ਭਰ ਵਿੱਚ ਬਣਾਏ ਜਾ ਰਹੇ 43 ਹਜ਼ਾਰ ਕਿਲੋਮੀਟਰ ਦੇ ਵਿਸ਼ਾਲ ਸੜਕ ਨੈੱਟਵਰਕ ਦਾ ਹਿੱਸਾ ਦੱਸਦਿਆਂ, ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਸੜਕਾਂ ਸਖ਼ਤ ਜਵਾਬਦੇਹੀ ਨਾਲ ਬਣਾਈਆਂ ਜਾਣਗੀਆਂ, ਜ਼ਮੀਨਦੋਜ਼ ਤਾਰਾਂ ਰਾਹੀਂ ਬਿਜਲੀ ਦੇ ਖੰਭਿਆਂ ਨੂੰ ਹਟਾਉਣ ਦੀਆਂ ਯੋਜਨਾਵਾਂ ਦਾ ਐਲਾਨ ਕੀਤਾ ਗਿਆ ਏ ।

--------------------------------------------------

ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵਿੱਚ ਕਾਢਾਂ ਅਤੇ ਉਦਮਤਾ ਵਿਸ਼ੇ ‘ਤੇ ਇੱਕ ਰੋਜ਼ਾ ਸੰਗੋਸ਼ਠੀ ਦਾ ਆਯੋਜਨ ਕੀਤਾ ਗਿਆ । ਇਸ ਮੌਕੇ ਸਿਖਿਆ ਮਾਹਰਾਂ , ਉਦਯੋਗ ਅਤੇ ਸਰਕਾਰ ਦੇ ਵਿਸ਼ੇਸ਼

ਮਾਹਰਾਂ ਨੇ ਹਿਸਾ ਲੈਂਦਿਆਂ ਖੋਜ ਨੂੰ ਵਿਹਾਰਕ ਰੂਪ ਦੇਣ ਬਾਰੇ ਚਰਚਾ ਕੀਤੀ। ਪੀਯੂ ਦੇ ਮਾਈਕ੍ਰੋ ਬੀਅਲ ਬਾਇਓ ਟੈਕਨੋਲੋਜੀ ਵਿਭਾਗ ਵੱਲੋਂ ਆਯੋਜਿਤ ਇਸ ਸੰਗੋਸ਼ਠੀ ਦਾ ਉਦੇਸ਼ ਵਿਗਿਆਨਕ ਵਿਚਾਰਾਂ ਨੂੰ ਵਿਹਾਰਕ ਅਤੇ ਵਧਾਏ ਜਾ ਸਕਣ ਵਾਲੇ ਹੱਲਾਂ ਵਿੱਚ ਤਬਦੀਲ ਕਰਨਾ ਅਤੇ ਯੂਨੀਵਰਸਿਟੀ ਦੇ ਨਵਾਚਾਰ ਮਾਹੌਲ ਨੂੰ ਮਜ਼ਬੂਤ ਕਰਨਾ ਸੀ। ਮੁੱਖ ਮਹਿਮਾਨ ਪ੍ਰੋ. ਮੀਨਾਕਸ਼ੀ ਗੋਯਲ ਨੇ ਕਿਹਾ ਕਿ ਖੋਜ ਨੂੰ ਅਸਲ ਜੀਵਨ ਦੀਆਂ ਸਮੱਸਿਆਵਾਂ ਦੇ ਹੱਲ ਤੱਕ ਪਹੁੰਚਣਾ ਚਾਹੀਦਾ ਏ । ਬੁਲਾਰਿਆਂ ਨੇ  ਨੇ ਵੱਖ-ਵੱਖ ਵਿਸ਼ਿਆਂ ‘ਤੇ ਆਪਣੇ ਵਿਚਾਰ ਪੇਸ਼ ਕੀਤੇ। ਇੱਕ ਪੈਨਲ ਚਰਚਾ ਵਿੱਚ ਖੋਜ ਅਤੇ ਉਦਯਮਤਾ ਦੇ ਵਿਚਕਾਰ ਪਾੜੇ ਨੂੰ ਪੂਰਾ ਕਰਨ ਦੇ ਹਲ ‘ਤੇ ਵਿਚਾਰ ਕੀਤਾ ਗਿਆ। ਸੰਗੋਸ਼ਠੀ ਦੀ ਸਮਾਪਤੀ  ਇਨਾਮ ਵੰਡ ਸਮਾਰੋਹ ਨਾਲ ਹੋਈ ।